# ਡਾਇਰੈਕਟੋਰੇਟ ਤਕਨੀਕੀ ਸਿਖਿਆ ਅਤੇ
# ਉਦਯੋਗਿਕ ਸਿਖਲਾਈ ਵਿਭਾਗ, ਪੰਜਾਬ,
# ਤਕਨੀਕੀ ਸਿਖਿਆ ਭਵਨ, ਸੈਕਟਰ -36 ਏ, ਚੰਡੀਗੜ੍ਹ
# (ਉਯੋਗਿਕ ਸਿਖਲਾਈ ਵਿੰਗ)
## ਦਾਖਲਾ ਨੋਟਿਸ ਸੈਸ਼ਨ 2009

ਪੰਜਾਬ ਰਾਜ ਦੀਆਂ ਸਰਕਾਰੀ ਸੰਸਥਾਵਾਂ ਵਿਚ ਸੈਂਟਰ ਆਫ ਐਕਸੀਲੈਂਸ,ਸਰਕਾਰੀ ਅਤੇ ਗੈਰ ਸਰਕਾਰੀ ਐਫੀਲੇਟਿਡ,ਸੰਸਥਾਵਾਂ ਵਿੱਚ ਕਰਾਫਟਸਮੈਨ ਸਕੀਮ ਅਧੀਨ ਨੈਸਨਲ ਕੋਸਿਲ ਫਾਰ ਵੋਕੇਸ਼ਨਲ ਟ੍ਰੇਨਿੰਗ ਕੋਰਸਾਂ ਲਈ ਅਤੇ ਸਟੇਟ ਕੋਸਿਲ ਫਾਰ ਵੋਕੇਸ਼ਨਲ ਟ੍ਰੇਨਿੰਗ (ਆਰਟ ਐਡ ਕਰਾਫਟਸ ਟੀਚਰ ਟ੍ਰੇਨਿੰਗ ਕੋਰਸ/ਪੰਜਾਬੀ ਸਟੈਨੋਗ੍ਰਾਫੀ) ਕੋਰਸਾਂ ਲਈ ਸੈਸ਼ਨ 2009 (ਪਹਿਲੀ, ਦੂਜੀ ਤੇ ਤੀਜੀ ਕੌਂਸਲਿੰਗ) ਵਿਚ ਹੇਠ ਦਰਸਾਈਆਂ ਮਿਤੀਆਂ ਅਨੁਸਾਰ ਦਾਖਲਾ ਹੋਵੇਗਾ। ਇਹ ਦਾਖਲਾ ਸਬੰਧਤ ਸੰਸਥਾਵਾਂ ਵਿਚ ਸਬੰਧਤ ਉਪ ਮੰਡਲ ਮੈਜਿਸਟ੍ਰੇਟ ਦੀ ਪ੍ਰਧਾਨਗੀ ਹੇਠ ਗਠਿਤ ਕੀਤੀ ਦਾਖਲਾ ਚੋਣ ਕਮੇਟੀ ਵਲੋਂ ਕੀਤਾ ਜਾਵੇਗਾ:-

| | ਪਹਿਲੀ ਕੌਂਸਲਿੰਗ | ਦਿਨ |
|---|---|---|
| ਅਰਜੀਆਂ ਲੈਣ ਦੀ ਆਖਰੀ ਮਿਤੀ: | 14-07-2009 | ਮੰਗਲਵਾਰ |
| ਮੈਰਿਟ ਲਿਸ਼ਟਾਂ ਨੋਟਿਸ ਬੋਰਡ ਤੇ ਲਗਾਉਣ ਦੀ ਮਿਤੀ | 17-07-2009 | ਸ਼ੁੱਕਰਵਾਰ |
| ਮੈਰਿਟ ਲਿਸ਼ਟਾਂ ਸਬੰਧੀ ਉਮੀਦਵਾਰਾਂ ਦੀਆਂ ਸ਼ਿਕਾਇਤਾਂ ਦਾ ਨਿਪਟਾਰਾ | 18-07-2009 | ਸ਼ਨਿਚਰਵਾਰ |
| ਜਨਰਲ ਕੈਟਾਗਰੀ ਨਾਲ ਸਬੰਧਤ ਉਮੀਦਵਾਰਾਂ ਦੀ ਇੰਟਰਵਿਉ ਦੀ ਮਿਤੀ: | 20-07-2009 | ਸੋਮਵਾਰ |
| ਸਮੂਹ ਰਿਜਰਵ ਕੈਟਾਗਰੀਆਂ ਨਾਲ ਸਬੰਧਤ ਉਮੀਦਵਾਰਾਂ ਦੀ ਇੰਟਰਵਿਉ ਦੀ ਮਿਤੀ: | 21-07-2009 | ਮੰਗਲਵਾਰ |
| ਕਲਾਸਾਂ ਲਗਾਉਣ ਦੀ ਮਿਤੀ | 03-08-09 | ਸੋਮਵਾਰ |
| | ਦੂਜੀ ਕੌਸਲਿੰਗ | |
| ਅਰਜੀਆਂ ਲੈਣ ਦੀ ਆਖਰੀ ਮਿਤੀ: | 07-08-09 | ਸ਼ੁੱਕਰਵਾਰ |
| ਮੈਰਿਟ ਲਿਸ਼ਟਾਂ ਨੋਟਿਸ ਬੋਰਡ ਤੇ ਲਗਾਉਣ ਦੀ ਮਿਤੀ | 10-08-09 | ਸੋਮਵਾਰ |
| ਮੈਰਿਟ ਲਿਸ਼ਟਾਂ ਸਬੰਧੀ ਉਮੀਦਵਾਰਾਂ ਦੀਆਂ ਸ਼ਿਕਾਇਤਾਂ ਦਾ ਨਿਪਟਾਰਾ | 11-08-2009 | ਮੰਗਲਵਾਰ |
| ਜਨਰਲ ਕੈਟਾਗਰੀ ਨਾਲ ਸਬੰਧਤ ਉਮੀਦਵਾਰਾਂ ਦੀ ਇੰਟਰਵਿਉ ਦੀ ਮਿਤੀ: | 12-08-2009 | ਬੁੱਧਵਾਰ |
| ਸਮੂਹ ਰਿਜਰਵ ਕੈਟਾਗਰੀਆਂ ਨਾਲ ਸਬੰਧਤ ਉਮੀਦਵਾਰਾਂ ਦੀ ਇੰਟਰਵਿਉ ਦੀ ਮਿਤੀ: | 13-08-2009 | ਵੀਰਵਾਰ |
| | ਤੀਜੀ ਕੌਸਲਿੰਗ | |
| ਅਰਜੀਆਂ ਲੈਣ ਦੀ ਆਖਰੀ ਮਿਤੀ: | 17-08-2009 | ਸੋਮਵਾਰ |
| ਮੈਰਿਟ ਲਿਸ਼ਟਾਂ ਨੋਟਿਸ ਬੋਰਡ ਤੇ ਲਗਾਉਣ ਦੀ ਮਿਤੀ | 18-08-2009 | ਮੰਗਲਵਾਰ |
| ਮੈਰਿਟ ਲਿਸ਼ਟਾਂ ਸਬੰਧੀ ਉਮੀਦਵਾਰਾਂ ਦੀਆਂ ਸ਼ਿਕਾਇਤਾਂ ਦਾ ਨਿਪਟਾਰਾ | 19-08-2009 | ਬੁੱਧਵਾਰ |
| ਸਮੂਹ ਕੈਟਾਗਰੀਆਂ ਦੀ ਇੰਟਰਵਿਉ ਲਈ ਮਿਤੀ (ਜਨਰਲ ਤੇ ਰਿਜਰਵ ਕੈਟਾਗਰੀਆਂ) ਨਾਲ ਸਬੰਧਤ ਉਮੀਦਵਾਰਾਂ ਦੀ ਇੰਟਰਵਿਉ ਦੀ ਮਿਤੀ: | 20-08-2009 | ਵੀਰਵਾਰ |
| ਸਮੂਹ ਰਿਜਰਵ ਕੈਟਾਗਰੀ ਨਾਲ ਸਬੰਧਤ ਜੋ ਸੀਟਾਂ ਮਿਤੀ 20-08-09 ਨੂੰ ਖਾਲੀ ਰਹਿ ਜਾਣਗੀਆਂ, ਉਹ ਮਿਤੀ 21-08-08 ਨੂੰ ਜਨਰਲ ਕੈਟਾਗਰੀ ਦੇ ਉਮੀਦਵਾਰਾਂ ਦੇ ਰਾਂਹੀਂ ਭਰੀਆਂ ਜਾਣਗੀਆਂ। ਇਸ ਤੋਂ ਇਲਾਵਾ ਰਾਜ ਸਰਕਾਰ ਦੀ ਨੋਟੀਫਿਕੇਸ਼ਨ ਨੰ: 2/12/2005-2TE (1)980, ਮਿਤੀ: 232-6-05 ਦੇ ਪੈਰਾ 5(C) ਅਨੁਸਾਰ ਦਾਖਲਾ ਕਰਨ ਦੀ ਮਿਤੀ: | 21-08-2009 | ਸ਼ੁੱਕਰਵਾਰ |

1. ਰਿਜਰਵ ਕੈਟਾਗਰੀ ਵਿਰੁੱਧ ਦਾਖਲਾ ਲੈਣ ਵਾਲੇ ਅਨੁਸੂਚਿਤ ਜਾਤੀ ਦੇ ਜਿਨ੍ਹਾਂ ਉਮੀਦਵਾਰਾਂ ਦੇ ਮਾਪੇ/ਗਾਰਡੀਅਨ ਦੀ ਆਮਦਨ ਇੱਕ ਲੱਖ ਰੁਪਏ ਤੋਂ ਘੱਟ ਹੈ। ਉਹ ਨਾਨ ਰਿਫੰਡੇਬਲ/ਟਿਊਸ਼ਨ ਫੀਸ ਮੁਆਫ ਕਰਵਾਵੁਣ ਲਈ ਦਰਜਾ ਇਕ ਮੈਜਿਰਸਟਰੇਟ ਤੋਂ ਆਮਦਨ ਸਬੰਧੀ ਤਸਦੀਕ ਸ਼ੁਦਾ ਹਲਫੀਆ ਬਿਆਨ ਲੈ ਕੇ ਆਉਣ।
2. ਸਰਕਾਰੀ ਅਤੇ ਗੈਰ ਸਰਕਾਰੀ ਸੰਸਥਾਵਾਂ ਵਿਚ ਦਾਖਲੇ ਲਈ ਪ੍ਰਿੰਟਿਡ ਪ੍ਰਾਸਪੈਕਟਸ ਨਿਰਧਾਰਤ ਕੀਮਤ 75/-ਰੁਪਏ (ਕੇਵਲ ਪਝੱਤਰ ਰੁਪਏ) ਤੇ ਸਬੰਧਤ ਸਰਕਾਰੀ ਸੰਸਥਾ ਵਿੱਚੋ ਪ੍ਰਾਪਤ ਕੀਤਾ ਜਾ ਸਕਦਾ ਹੈ, ਜਿਸ ਵਿੱਚ ਦਾਖਲੇ ਸਬੰਧੀ ਸਾਰੀਆਂ ਸ਼ਰਤਾਂ ਦਿੱਤੀਆਂ ਹੋਈਆਂ ਹਨ। ਗੈਰ ਸਰਕਾਰੀ ਸੰਸਥਾਵਾਂ ਵਲੋਂ ਵੀ ਸਰਕਾਰੀ ਪ੍ਰਾਸਪੈਕਟ ਤੇ ਹੀ ਬਿਨੈ-ਪੱਤਰ ਪ੍ਰਾਪਤ ਕੀਤੇ ਜਾਣਗੇ। ਇਸ ਤੋਂ ਇਲਾਵਾ ਪ੍ਰਾਸਪੈਕਟਸ ਅਤੇ ਦਾਖਲਾ ਫਾਰਮ ਵਿਭਾਗ ਦੀ ਵੈਬਸਾਇਟ http:/www.dtepunjab.gov.in ਤੇ ਉਪਲਬੱਧ ਹੈ। ਦਾਖਲੇ ਲਈ ਚਾਹਵਾਨ ਬਿਨੈਕਾਰ ਪ੍ਰਾਸਪੈਕਟ ਅਤੇ ਦਾਖਲਾ ਫਾਰਮ ਵੈਬਸਾਇਟ ਤੋਂ down load ਕਰਕੇ ਅਪਲਾਈ ਕਰ ਸਕਦੇ ਹਨ। ਜੋ ਬਿਨੈਕਾਰ ਵੈਬਸਾਇਟ ਤੋਂ ਦਾਖਲਾ ਫਾਰਮ down load ਕਰਕੇ ਅਪਲਾਈ ਕਰਨਗੇ, ਉਹ ਕੇਵਲ 25/- ਰੁਪਏ ਦਾ ਬੈਂਕ ਡਰਾਫਟ ਲਗਾ ਕੇ ਸਬੰਧਤ ਸੰਸਥਾ ਵਿੱਚ ਅਪਲਾਈ ਕਰਨਗੇ।

## ਜ਼ਰੂਰੀ ਨੋਟ

1. ਦਾਖਲੇ ਦੀ ਇੰਟਰਵਿਊ ਲਈ ਉਮੀਦਵਾਰਾਂ ਨੂੰ ਕੋਈ ਵੱਖਰਾ ਸੱਦਾ ਪੱਤਰ ਨਹੀਂ ਭੇਜਿਆ ਜਾਵੇਗਾ।
2. ਸਾਰੇ ਉਮੀਦਵਾਰ ਚੋਣ ਵਾਲੇ ਦਿਨ ਆਪਣੀਆਂ ਯੋਗਤਾਵਾਂ ਦੇ ਅਸਲ ਸਰਟੀਫਿਕੇਟ ਨਾਲ ਲਿਆਉਣਗੇ।
3. ਸਾਰੇ ਉਮੀਦਵਾਰ ਇੰਟਰਵਿਊ ਵਾਲੇ ਦਿਨ ਸਵੇਰੇ 9.00 ਵੱਜੇ ਸਲੈਕਸ਼ਨ ਕਮੇਟੀ ਸਾਹਮਣੇ ਪੇਸ਼ ਹੋਣਗੇ। ਜਿਹੜਾ ਉਮੀਦਵਾਰ ਦਾਖਲਾ ਚੋਣ ਕਮੇਟੀ ਸਾਹਮਣੇ ਪੇਸ਼ ਨਹੀਂ ਹੋਵੇਗਾ, ਉਸ ਨੂੰ ਦਾਖਲਾ ਨਹੀਂ ਦਿੱਤਾ ਜਾਵੇਗਾ ।
4. ਜੇਕਰ ਕੋਈ ਉਮੀਦਵਾਰ ਦਾਖਲਾ ਫਾਰਮ ਦੇਣ ਸਮੇਂ ਆਪਣੀ ਕੈਟਾਗਰੀ ਦਾ ਸਬੂਤ ਨਾਲ ਨੱਥੀ ਨਹੀਂ ਕਰੇਗਾ ਤਾਂ ਉਸ ਦਾ ਨਾਮ ਜਨਰਲ ਕੈਟਾਗਰੀ ਵਿੱਚ ਵਿਚਾਰਿਆ ਜਾਵੇਗਾ ਅਤੇ ਬਾਅਦ ਵਿੱਚ ਕੋਈ ਅਦਲਾ ਬਦਲੀ ਨਹੀਂ ਹੋਵੇਗੀ ।
5. ਦਾਖਲਾ ਫਾਰਮ ਦੇਣ ਉਪਰੰਤ ਉਮੀਦਵਾਰ ਉਸ ਦੀ ਰਸੀਦ ਪ੍ਰਾਪਤ ਕਰ ਲਵੇ ।
6. ਜੇਕਰ ਕਿਸੇ ਉਮੀਦਵਾਰ ਦਾ ਨਾਮ ਤਿਆਰ ਕੀਤੀ ਮੈਰਿਟ ਸੂਚੀ ਵਿੱਚ ਨਹੀਂ ਆਉਂਦਾ ਤਾਂ ਉਹ ਇੰਟਰਵਿਊ ਮਿਤੀ ਤੋਂ ਪਹਿਲਾਂ ਸੰਸਥਾ ਦੇ ਮੁੱਖੀ ਨਾਲ ਸਿੱਧੇ ਤੌਰ ਤੇ ਸਪੰਰਕ ਕਰ ਸਕਦਾ ਹੈ, ਜਿਸ ਸੰਸਥਾ ਵਿੱਚ ਉਸਨੇ ਦਾਖਲੇ ਲਈ ਫਾਰਮ ਭੇਜਿਆ/ਦਿੱਤਾ ਹੈ।
7. ਦਾਖਲੇ ਲਈ ਵਿਦਿਅਕ ਯੋਗਤਾਵਾਂ ਵੱਖ ਵੱਖ ਟਰੇਡਾਂ ਲਈ ਮਿੱਥੇ ਵਿਸ਼ੇ ਪ੍ਰਾਸਪੈਕਟਸ ਵਿਚ ਉਪਲਬਧ ਹਨ।
8. ਇੰਟਰਵਿਊ ਦਾ ਸਥਾਨ ਸਰਕਾਰੀ ਪ੍ਰਾਸਪੈਕਟਸ ਵਿੱਚ ਦਰਸਾਈ ਸਰਕਾਰੀ ਸੰਸਥਾ ਵਿੱਚ ਹੋਵੇਗਾ।
9. ਦੂਜੇ ਰਾਜਾਂ ਦੇ ਵਸਨੀਕ ਉਮੀਦਵਾਰਾਂ ਲਈ 15% ਸੀਟਾਂ ਨਿਰੋਲ ਮੈਰਿਟ ਤੇ, ਜਨਰਲ ਕੈਟਾਗਰੀ ਵਿਚੋਂ ਉਪਲਬਧ ਹੋਣਗੀਆਂ। ਕਿਸੇ ਵੀ ਹਾਲਤ ਵਿੱਚ ਇਹ ਸੀਟਾਂ, ਨਿਰਧਾਰਤ ਸੀਟਾਂ ਤੋਂ ਵੱਧ ਨਹੀਂ ਭਰੀਆਂ ਜਾਣਗੀਆਂ। ਪੰਜਾਬ ਸਰਕਾਰ ਦੇ ਨੋਟੀਫਿਕੇਸ਼ਨ ਨੰ:2/12/2005-2-TE(1) 980 ਮਿਤੀ: 23-6-05 ਅਨੁਸਾਰ ਭਰੀਆਂ ਜਾਣਗੀਆਂ।
10. ਉਮੀਦਵਾਰ ਸਬੰਧਤ ਸੰਸਥਾ ਵਿੱਚ ਦਾਖਲੇ ਲਈ ਉਪਲਬਧ ਸੀਟਾਂ ਸਬੰਧੀ ਜਾਣਕਾਰੀ ਸਬੰਧਤ ਸੰਸਥਾ ਦੇ ਮੁੱਖੀ ਤੋਂ ਲੈ ਸਕਦੇ ਹਨ । ਵਿਭਾਗ ਕਿਸੇ ਵੀ ਸਮੇਂ ਕਿਸੇ ਵੀ ਸੰਸਥਾ ਵਿਖੇ ਕਿਸੇ ਵੀ ਟਰੇਡ ਦਾ ਦਾਖਲਾ ਰੋਕ ਸਕਦਾ ਹੈ।
11. ਦਾਖਲੇ ਲਈ ਜਿੰਨੀਆਂ ਅਰਜ਼ੀਆਂ ਪ੍ਰਾਪਤ ਹੁੰਦੀਆਂ ਹਨ, ਉਹਨਾਂ ਸਭ ਦੀ ਮੈਰਿਟ ਲਿਸਟ ਕੈਟਾਗਿਰੀ ਵਾਇਜ਼ ਬਣਾਈਆਂ ਜਾਣਗੀਆਂ।
12. ਜਿਹੜਾ ਉਮੀਦਵਾਰ ਰਿਜ਼ਰਵ ਕੈਟਾਗਰੀ (ਐਸ.ਸੀ ਅਤੇ ਬੀ.ਸੀ.) ਨਾਲ ਸਬੰਧਤ ਹੈ, ਉਹ ਜਨਰਲ ਕੈਟਾਗਰੀ ਦੀ ਇੰਟਰਵਿਊ ਦੀ ਮਿਤੀ ਵਾਲੇ ਦਿਨ ਵੀ ਦਾਖਲਾ ਲੈ ਸਕਦਾ ਹੈ। ਜੇਕਰ ਉਸ ਦਿਨ ਉਸ ਦੀ ਮੰਨ-ਪਸੰਦ ਟਰੇਡ ਨਹੀਂ ਮਿਲਦੀ ਤਾਂ ਉਹ ਰਿਜ਼ਰਵ ਕੈਟਾਗਰੀ ਦੀ ਮੈਰਿਟ ਅਨੁਸਾਰ ਵੀ ਰਿਜਰਵ ਕੈਟਾਗਰੀ ਦੀ ਇੰਟਰਵਿਊ ਵਾਲੇ ਦਿਨ ਦਾਖਲਾ ਲੈ ਸਕਦਾ ਹੈ। ਸਾਰੀਆਂ ਸਰਕਾਰੀ ਅਤੇ ਗੈਰ ਸਰਕਾਰੀ ਸੰਸਥਾਵਾਂ ਦੇ ਮੁੱਖੀ ਇਸ ਅਨੁਸਾਰ ਜਨਰਲ ਕੈਟਾਗਰੀ ਲਈ ਮੈਰਿਟ ਲਿਸਟ ਤਿਆਰ ਕਰਨਗੇ ਜਿਸ ਵਿੱਚ ਰਿਜ਼ਰਵ ਕੈਟਾਗਰੀ (ਐਸ.ਸੀ ਅਤੇ ਬੀ.ਸੀ.) ਨਾਲ ਸਬੰਧਤ ਉਮੀਦਵਾਰ ਵੀ ਹੋਣਗੇ।
13. ਉਮੀਦਵਾਰਾਂ ਵਲੋ ਇੰਟਰਵਿਊ ਨਿਸਚਿਤ ਮਿਤੀ ਨੂੰ ਅਪੀਅਰ ਨਾ ਹੋਣ ਤੇ, ਉਨ੍ਹਾਂ ਦਾ ਦਾਖਲੇ ਲਈ ਕੋਈ ਕਲੇਮ ਨਹੀਂ ਹੋਵੇਗਾ। ਇਸ ਸਬੰਧੀ ਕਿਸੇ ਵੀ ਪੱਤਰ ਵਿਹਾਰ ਤੇ ਵਿਚਾਰ ਨਹੀਂ ਕੀਤਾ ਜਾਵੇਗਾ।
14. ਦਾਖਲੇ ਵਿੱਚ ਰਿਜ਼ਰਵੇਸ਼ਨ ਪੰਜਾਬ ਸਰਕਾਰ ਵਲੋਂ ਨਿਰਧਾਰਤ ਰਿਜ਼ਰਵੇਸ਼ਨ ਪਾਲਿਸੀ ਮੁਤਾਬਿਕ ਹੋਵੇਗੀ।
15. ਰਿਜ਼ਰਵ ਕੈਟਾਗਰੀ ਨਾਲ ਸਬੰਧਤ ਉਮੀਦਵਾਰ ਆਪਣੀ ਸੀਟ ਦੇ ਕਲੇਮ ਸਬੰਧੀ ਸਮਰੱਥ ਅਧਿਕਾਰੀ ਤੋਂ ਜ਼ਾਰੀ ਕੀਤਾ ਅਸਲ ਸਰਟੀਫਿਕੇਟ ਲੇਕੇ ਆਉਣਗੇ। ਅਜਿਹਾ ਸਬੂਤ ਪੇਸ਼ ਨਾ ਕਰਨ ਦੀ ਸੂਰਤ ਵਿੱਚ ਉਸਨੂੰ ਰਿਜ਼ਰਵ ਕੈਟਾਗਰੀ ਵਜੋਂ ਵਿਚਾਰਿਆ ਨਹੀ ਜਾਵੇਗਾ।
16. ਜੇਕਰ ਕੌਂਸਲਿੰਗ ਸ਼ੁਰੂ ਹੋਣ ਤੇ ਮੈਰਿਟ ਵਿੱਚ ਆਉਂਦਾ ਉਮੀਦਵਾਰ ਹਾਜ਼ਰ ਨਹੀ ਹੁੰਦਾ ਤਾਂ ਉਸਤੋਂ ਹੇਠਾ ਵਾਲੇ ਉਮੀਦਵਾਰ ਨੂੰ ਉਸ ਟਰੇਡ ਵਿਚ ਸੀਟ ਮਿਲ ਜਾਵੇਗੀ । ਲੇਟ ਆਉਣ ਦੀ ਸੂਰਤ ਵਿੱਚ ਉਸਦਾ ਉਸ ਟਰੇਡ ਦੀ ਸੀਟ ਸਬੰਧੀ ਕਲੇਮ ਨਹੀ ਹੋਵੇਗਾ ਅਤੇ ਉਸ ਦੇ ਆਉਣ ਸਮੇਂ ਜਿਹੜੀ ਮੈਰਿਟ ਤੇ ਕੌਂਸਲਿੰਗ ਚਲ ਰਹੀ ਹੋਵੇਗੀ, ਤੇ ਵਿਚਾਰਿਆ ਜਾਵੇਗਾ।
17. ਉਮੀਦਵਾਰਾਂ ਵਲੋਂ ਪਹਿਲੀ ਕੌਂਸਲਿੰਗ ਦੌਰਾਨ ਪ੍ਰਾਪਤ ਹੋਈਆਂ ਅਰਜੀਆਂ, ਜਿੰਨਾਂ ਨੂੰ ਪਹਿਲੀ ਕੌਂਸਲਿੰਗ ਦੌਰਾਨ ਦਾਖਲਾ ਨਹੀਂ ਮਿਲਿਆ (ਇਸ ਸਬੰਧੀ ਸਬੰਧਤ ਉਮੀਦਵਾਰ ਨੂੰ ਸਬੰਧਤ ਸੰਸਥਾ ਦੇ ਮੁੱਖੀ ਨੂੰ ਸਾਦੀ ਅਰਜੀ ਦੇਣੀ ਹੋਵੇਗੀ), ਨੂੰ ਦੂਜੀ ਕੌਂਸਲਿੰਗ ਵਿਚ ਵਿਚਾਰਿਆ ਜਾਵੇ।
   ਇਸੇ ਤਰਾਂ ਦੂਜੀ ਕੌਂਸਲਿੰਗ ਦੌਰਾਨ ਪ੍ਰਾਪਤ ਹੋਈਆਂ ਅਰਜੀਆਂ, ਜਿੰਨਾਂ ਨੂੰ ਦੂਜੀ ਕੌਂਸਲਿੰਗ ਦੌਰਾਨ ਦਾਖਲਾ ਨਹੀਂ ਮਿਲਿਆ (ਇਸ ਸਬੰਧੀ ਸਬੰਧਤ ਉਮੀਦਵਾਰ ਨੂੰ ਸਬੰਧਤ ਸੰਸਥਾ ਦੇ ਮੁੱਖੀ ਨੂੰ ਸਾਦੀ ਅਰਜੀ ਦੇਣੀ ਹੋਵੇਗੀ), ਨੂੰ ਤੀਜੀ ਕੌਂਸਲਿੰਗ ਵਿਚ ਵਿਚਾਰਿਆ ਜਾਵੇ।
18. ਚੁਣੇ ਗਏ ਉਮੀਦਵਾਰਾਂ ਵਲੋਂ ਉਸੇ ਦਿਨ ਸਕਿਓਰਟੀ, ਫੀਸ, ਜ਼ਰੂਰੀ ਫੰਡਜ਼ ਪ੍ਰਾਸਪੈਕਟ ਵਿੱਚ ਦਰਸਾਏ ਅਨੁਸਾਰ ਜਮ੍ਹਾਂ ਕਰਵਾਉਣੇ ਹੋਣਗੇ ।
19. ਉਮੀਦਵਾਰਾਂ ਨੂੰ ਇੰਟਰਵਿਊ ਤੇ ਹਾਜ਼ਰ ਹੋਣ ਲਈ ਕੋਈ ਟੀ.ਏ/ ਡੀ.ਏ ਨਹੀਂ ਦਿੱਤਾ ਜਾਵੇਗਾ।

20. ਇਸਤੋਂ ਬਿਨਾਂ ਕਿਸੇ ਵੀ ਹਾਲਤ ਵਿਚ ਦਾਖਲਾ ਕਰਨ ਦੀ ਇਜ਼ਾਜਤ ਨਹੀਂ ਹੋਵੇਗੀ। ਜਿਨ੍ਹਾਂ ਕੇਂਦਰਾਂ ਦੇ ਡੀ.ਜੀ.ਈ. ਅਤੇ ਟੀ. ਭਾਰਤ ਸਰਕਾਰ ਨਾਲ ਯੂ.ਸੀ. (Under Consideration) ਕੇਸ ਹਨ ਜਾਂ ਡੀ.ਜੀ.ਈ. ਟੀ ਵਲੋਂ ਕਿਸੇ ਟ੍ਰੇਡ/ਯੂਨਿਟ ਨੂੰ ਰੱਦ ਕੀਤਾ ਗਿਆ ਹੈ ਉਹ ਵੀ ਦਾਖਲਾ ਨਹੀਂ ਕਰ ਸਕਣਗੇ।
21. ਵਿਭਾਗ / ਰਾਜ ਸਰਕਾਰ ਵਲੋਂ ਸਮੇਂ-ਸਮੇਂ ਤੇ ਜਾਰੀ ਹਦਾਇਤਾਂ ਲਾਗੂ ਹੋਣਗੀਆਂ।
22. ਸਾਰੀਆਂ ਸੰਸਥਾਵਾਂ ਦੇ ਮੁੱਖੀ ਦਾਖਲੇ ਉਪਰੰਤ ਦਾਖਲਾ ਮੈਰਿਟ/ਚੋਣ ਸੂਚੀਆਂ ਮੁਕੰਮਲ ਤੌਰ ਤੇ ਮਿਤੀ 31.08.2009 ਤੱਕ ਮੁੱਖ ਦਫਤਰ ਟ੍ਰੇਨਿੰਗ ਸ਼ਾਖਾ ਨੂੰ ਭੇਜਣਗੇ। ਚੇਅਰਮੈਨ ਦਾਖਲਾ ਚੋਣ ਕਮੇਟੀ-ਕਮ-ਸਬੰਧਤ ਉਪ ਮੰਡਲ ਮੈਜਿਸਟ੍ਰੇਟ ਤੋਂ ਬਿਨਾਂ ਤਸਦੀਕ ਕੀਤੇ ਭੇਜੀਆਂ ਦਾਖਲਾ ਸੂਚੀਆਂ ਪ੍ਰਵਾਨ ਨਹੀਂ ਕੀਤੀਆਂ ਜਾਣਗੀਆਂ। ਹਰੇਕ ਸੰਸਥਾ ਦਾਖਲਾ ਸੂਚਨਾ ਕੈਟਾਗਰੀ ਵਾਈਜ਼ ਸਾਫਟ ਕਾਪੀ (ਸੀ.ਡੀ. / ਫਲੌਪੀ ਰਾਂਹੀਂ) ਅਤੇ ਹਾਰਡ ਕਾਪੀ ਵਿਚ ਤਿਆਰ ਕਰਕੇ ਟ੍ਰੇਨਿੰਗ ਸ਼ਾਖਾ ਨੂੰ ਦਸਤੀ ਤੌਰ ਤੇ ਭੇਜਣਗੇ।

ਮਿਤੀ,ਚੰਡੀਗੜ੍ਹ 02-07-09

ਬੀ.ਪੁਰੂਸ਼ਾਰਥ, ਆਈ.ਏ.ਐਸ.
ਡਾਇਰੈਕਟਰ, ਤਕਨੀਕੀ ਸਿਖਿਆ ਅਤੇ
ਉਦਯੋਗਿਕ ਸਿਖਲਾਈ ਵਿਭਾਗ, ਪੰਜਾਬ।

ਡਾਇਰੈਕਟੋਰੇਟ ਤਕਨੀਕੀ ਸਿਖਿਆ ਅਤੇ
ਉਦਯੋਗਿਕ ਸਿਖਲਾਈ, ਪੰਜਾਬ।

ਸੈਕਟਰ 36-ਏ, ਪਲਾਟ ਨੰ; 1-ਏ, ਚੰਡੀਗੜ੍ਹ।
website: www.dtepunjab.gov.in
Fax: 2614622, Phone:, 2615177,2614696,2623654,2626564

| | | |
|---|---|---|
| ਟ੍ਰੇਨਿੰਗ ਸ਼ਾਖਾ | ਆਈਟੀ/ਟ੍ਰੇ/2ਦਾਖਲਾ ਨੋਟਿਸ/09/3037 | ਮਿਤੀ:-02--7-09 |

ਸੇਵਾਵਿਖੇ,

ਡਾਇਰੈਕਟਰ,
ਸੂਚਨਾ ਅਤੇ ਲੋਕ ਸੰਪਰਕ ਵਿਭਾਗ, ਪੰਜਾਬ ।

**ਵਿਸ਼ਾਂ:-** **ਦਾਖਲੇ 2009 ਸਬੰਧੀ।**

ਉਪਰੋਕਤ ਵਿਸ਼ੇ ਤੇ ।

ਆਪ ਨੂੰ ਪੰਜਾਬ ਰਾਜ ਦੀਆਂ ਉਦਯੋਗਿਕ ਸਿਖਲਾਈ ਸੰਸਥਾਵਾ ਵਿਚ ਚਲ ਰਹੇ ਐਨ.ਸੀ.ਵੀ.ਟੀ / ਐਸ.ਸੀ.ਵੀ.ਟੀ. ਕੋਰਸਾਂ ਦੇ ਦਾਖਲੇ ਲਈ ਵਿਗਿਆਪਨ ਦੇ ਖਰੜੇ ਦੀਆਂ 10 ਕਾਪੀਆਂ ਭੇਜਦੇ ਹੋਏ ਬੇਨਤੀ ਕੀਤੀ ਜਾਂਦੀ ਹੈ ਕਿ ਦਾਖਲੇ ਸਬੰਧੀ ਸੈਸ਼ਨ 2009 ਦਾ ਵਿਗਿਆਪਨ ਪੰਜਾਬ ਦੇ ਉਘੇ ਅਖਬਾਰਾਂ ਜਿਵੇਂ ਕਿ ਅੰਗਰੇਜੀ ਟ੍ਰਿਬਿਊਨ, ਅਜੀਤ, ਦੈਨਿਕ ਭਾਸਕਰ ਵਿੱਚ ਮਿਤੀ 03-07-09 ਨੂੰ ਪ੍ਰਕਾਸਿਤ ਕਰਵਾਉਣ ਦੀ ਕ੍ਰਿਪਾਲਤਾ ਕੀਤੀ ਜਾਵੇ ਜੀ । ਵਿਗਿਆਪਨ ਦੇ ਬਿੱਲਾਂ ਦੀ ਅਦਾਇਗੀ ਸਬੰਧੀ ਵਿਭਾਗ ਦੇ ਉਪ ਕੰਟਰੋਲਰ (ਵਿਤ ਤੇ ਲੇਖਾ) ਉਦਯੋਗਿਕ ਸਿਖਲਾਈ ਵਿੰਗ ਨਾਲ ਸੰਪਰਕ ਕੀਤਾ ਜਾਵੇ ।

ਨੱਥੀ: ਉਕਤ ਅਨੁਸਾਰ ।

ਸਹਾਇਕ ਡਾਇਰੈਕਟਰ(ਟ੍ਰੇਨਿੰਗ)

ਪਿੱਠ ਅੰਕਣ ਨੰ:ਆਈਟੀ/ਟ੍ਰੇ/ਦਾਖਲਾ ਨੋਟਿਸ/2009/3038 ਮਿਤੀ, ਚੰਡੀਗੜ੍ਹ 02-07-09

ਉਪਰੋਕਤ ਦਾ ਉਤਾਰਾ ਉਪ ਕੰਟਰੋਲਰ (ਵਿਤ ਤੇ ਲੇਖਾ) ਉਦਯੋਗਿਕ ਸਿਖਲਾਈ ਵਿੰਗ ਮੁੱਖ ਦਫ਼ਤਰ ਨੂੰ ਸੂਚਨਾ ਅਤੇ ਲੋੜੀਦੀ ਕਾਰਵਾਈ ਹਿਤ ਭੇਜਿਆ ਜਾਂਦਾ ਹੈ ।

ਸਹਾਇਕ ਡਾਇਰੈਕਟਰ(ਟ੍ਰੇਨਿੰਗ)

ਪਿੱਠ ਅੰਕਣ ਨੰ: ਆਈਟੀ/ਟ੍ਰੇ/ਦਾਖਲਾ ਨੋਟਿਸ/2009/ 3039-3369 ਮਿਤੀ:02-07-09

ਇਸ ਦਾ ਹੇਠ ਲਿਖਿਆਂ ਨੂੰ ਸੂਚਨਾ ਅਤੇ ਜਰੂਰੀ ਕਾਰਵਾਈ ਹਿਤ ਭੇਜਿਆ ਜਾਂਦਾ ਹੈ:-

1. ਡਾਇਰੈਕਟਰ ਸਿਖਿਆ ਵਿਭਾਗ,ਪੰਜਾਬ,ਚੰਡੀਗੜ੍ਹ।
2. ਡਾਇਰੈਕਟਰ,ਅਨੁਸੂਚਿਤ ਜਾਤੀਆਂ ਅਤੇ ਜਨ ਜਾਤੀਆਂ ਵਿਭਾਗ,ਪੰਜਾਬ,ਚੰਡੀਗੜ੍ਹ।
3. ਡਾਇਰੈਕਟਰ,ਸੈਨਿਕ ਭਲਾਈ ਵਿਭਾਗ,ਪੰਜਾਬ,ਚੰਡੀਗੜ੍ਹ।
4. ਸਕੱਤਰ,ਪੰਜਾਬ ਸਟੇਟ ਬੋਰਡ ਆਫ ਟੈਕਨੀਕਲ ਐਜੂਕੇਸ਼ਨ ਅਤੇ ਇੰਡਸਟਰੀਅਲ ਟਰੇਨਿੰਗ ਸੈਕਟਰ 36-ਏ ਚੰਡੀਗੜ੍ਹ।
5. ਮੁੱਖ ਦਫਤਰ ਦੇ ਸਾਰੇ ਅਧਿਕਾਰੀ ਸਿਵਾਏ ਮਾਨਯੋਗ ਡਾਇਰੈਕਟਰ ਸਾਹਿਬ।
6. ਪੀ.ਏ. ਟੂ ਮਾਨਯੋਗ ਡਾਇਰੈਕਟਰ ਤਕਨੀਕੀ ਸਿਖਿਆ ਅਤੇ ਉਦਯੋਗਿਕ ਸਿਖਲਾਈ ਵਿਭਾਗ, ਪੰਜਾਬ।
7. ਮੁੱਖ ਦਫ਼ਤਰ ਦੇ ਸਾਰੀਆਂ ਸ਼ਾਖਾਵਾਂ ਦੇ ਸੁਪਰਡੰਟ
8. ਪੰਜਾਬ ਰਾਜ ਦੀਆਂ ਸਾਰੀਆਂ ਸਰਕਾਰੀ ਅਤੇ ਗੈਰ ਸਰਕਾਰੀ ਸੰਸਥਾਵਾਂ ਦੇ ਮੁੱਖੀ।
9. ਸਕੱਤਰ, ਪੰਜਾਬ ਰਾਜ ਤਕਨੀਕੀ ਸਿਖਿਆ ਅਤੇ ਉਦਯੋਗਿਕ ਸਿਖਲਾਈ ਬੋਰਡ, ਸੈਕਟਰ-36 ਏ, ਚੰਡੀਗੜ੍ਹ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਸਾਰੀਆਂ ਸੰਸਥਾਵਾਂ ਵਲੋਂ ਪੰਜਾਬ ਇੰਡਸ਼ਟ੍ਰੀਅਲ ਟ੍ਰੇਨਿੰਗ ਸਪੋਰਟਸ ਐਸੋਸੀਏਨ (ਪਿਟਸਾ) ਦੀ 50/- ਰੁਪਏ ਪ੍ਰਤੀ ਸਿਖਿਆਰਥੀ ਸਪੋਰਟਸ, ਸੰਸਥਾ ਦੀ ਸਟਰੈਂਥ ਅਨੁਸਾਰ ਬਣਦੀ ਸਪੋਰਟਸ ਮੈਂਬਰਸ਼ਿਪ ਫੀਸ ਅਤੇ ਐਂਟਰੀ ਫੀਸ ਵੀ ਲਈ ਜਾਣੀ ਹੈ। ਇਸ ਸਬੰਧੀ ਜਮਾਂ ਕਰਵਾਈ ਫੀਸ ਦਾ ਸਬੂਤ ਲੈਣ ਉਪਰੰਤ ਹੀ ਸਿਖਿਆਰਥੀਆਂ ਦੀ ਰਜਿਸ਼ਟਰੇਸ਼ਨ ਕੀਤੀ ਜਾਵੇ।

ਸਹਾਇਕ ਡਾਇਰੈਕਟਰ(ਟ੍ਰੇਨਿੰਗ)